19 Oct.-GRP-Pages.qxd 10/19/2025 11:12 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਪਿੰਡ ਵੜਿੰਗ ਖੇੜਾ ਦੇ ਮੁਹਤਬਰਾਂ ਨੇ ਪਿੰਡ ਰਣਸੀਕਾ ਤੱਲਾ ਤੇ ਬਰਿਆਰ 'ਚ ਕਿਸਾਨਾਂ ਨੂੰ ਵੰਡਿਆ ਕਣਕ ਦਾ ਬੀਜ

ਕੋਟਲੀ ਸੂਰਤ ਮੱਲ੍ਹੀ, 19 ਅਕਤੂਬਰ (ਕੁਲਦੀਪ ਸਿੰਘ ਨਾਗਰਾ)-ਬਲਾਕ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਪਿੰਡ ਰਣਸੀਕਾ ਤੱਲਾ ਤੇ ਬਰਿਆਰ 'ਚ ਜ਼ਿਲ੍ਹਾ ਮੁਕਤਸਰ ਸਾਹਿਬ ਦੇ ਪਿੰਡ ਵੜਿੰਗ ਖੇੜਾ ਦੀਆਂ ਸੰਗਤਾਂ ਵਲੋਂ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦਾ ਬੀਜ ਵੰਡਿਆ ਗਿਆ। ਇਸ ਸਬੰਧੀ ਕੁਲਵਿੰਦਰ ਸਿੰਘ ਬਰਿਆਰ ਤੇ ਹਰਿੰਦਰ ਸਿੰਘ ਰਣਸੀਕਾ ਤੱਲਾ ਨੇ ਦੱਸਿਆ ਕਿ ਹੜ੍ਹ ਦੇ ਪਾਣੀ ਨੇ ਉਨ੍ਹਾਂ ਦੇ ਪਿੰਡਾਂ ਦੀਆਂ ਸਮੁੱਚੀਆਂ ਫ਼ਸਲਾਂ ਤਬਾਹ ਕਰਕੇ ਰੱਖ ਦਿੱਤੀਆਂ ਸਨ ਤੇ ਬਹਾਦਰ ਪੰਜਾਬੀ ਪ੍ਰਭਾਵਿਤ ਕਿਸਾਨਾਂ ਦੀ ਮਦਦ ਲਈ ਅੱਗੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਮੁਕਤਸਰ ਦੇ ਪਿੰਡ ਵੜਿੰਗ ਖੇੜਾ ਦੀਆਂ ਸੰਗਤਾਂ ਵਲੋਂ 350 ਏਕੜ ਰਕਬੇ ਦਾ ਕਿਸਾਨਾਂ ਨੂੰ ਬੀਜ ਵੰਡਿਆ ਗਿਆ, ਜਦੋਂ ਕਿ ਪਿੰਡ ਬਰਿਆਰ ਦੇ ਇਕ ਲੋੜਵੰਦ ਦੀ 11 ਹਜ਼ਾਰ ਰੁਪਏ ਦੀ ਮਾਲੀ ਮਦਦ ਵੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿੰਡ ਬਰਿਆਰ ਦੇ ਸਾਰੇ ਕਿਸਾਨਾਂ ਨੂੰ ਸਮੁੱਚੇ ਰਕਬੇ ਲਈ ਤੇ ਪਿੰਡ ਰਣਸੀਕਾ ਤੱਲਾ 'ਚ 170 ਏਕੜ ਰਕਬੇ ਲਈ ਕਿਸਾਨਾਂ ਨੂੰ ਬੀਜ ਵੰਡਿਆ ਗਿਆ ਹੈ। ਇਸ ਮੌਕੇ ਦੋਵਾਂ ਪਿੰਡਾਂ ਦੇ ਮੁਹਤਬਰਾਂ ਤੇ ਪਿੰਡ ਵਾਸੀਆਂ ਨੇ ਪਿੰਡ ਵੜਿੰਗ ਖੇੜਾ ਤੋਂ ਬੀਜ ਵੰਡਣ ਆਏ ਮੁਹਤਬਰਾਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੀਰਥ ਸਿੰਘ ਵੜਿੰਗ, ਵਕੀਲ ਸਿੰਘ ਸਹਾਰਨ, ਮਨਦੀਪ ਕੁਮਾਰ ਮੋਨੂੰ ਸੇਠ, ਇੰਦਰਪ੍ਰੀਤ ਸਿੰਘ ਵੜਿੰਗ, ਮਨਦੀਪ ਸਿੰਘ ਡੱਫੂ, ਪ੍ਰੇਮ ਸਿੰਘ ਡੱਫੂ, ਹਰਜਿੰਦਰ ਸਿੰਘ ਸਹਾਰਨ, ਸਰਪੰਚ ਲਖਵਿੰਦਰ ਸਿੰਘ ਬਰਿਆਰ, ਕੁਲਵਿੰਦਰ ਸਿੰਘ, ਹਰਿੰਦਰ ਸਿੰਘ ਰਣਸੀਕਾ ਤੱਲਾ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਬਰਿਆਰ, ਇੰਦਰਜੀਤ ਸਿੰਘ ਪੰਚ, ਅਵਤਾਰ ਸਿੰਘ, ਹਰਜਿੰਦਰ ਸਿੰਘ ਨੰਬਰਦਾਰ, ਜਰਮਨ ਸਿੰਘ ਆਦਿ ਹਾਜ਼ਰ ਸਨ।

ਪਿੰਡ ਰਣਸੀਕਾ ਤੱਲਾ 'ਚ ਕਿਸਾਨਾਂ ਨੂੰ ਬੀਜ ਵੰਡਣ ਸਮੇਂ ਪਿੰਡ ਵੜਿੰਗ ਖੇੜਾ ਦੇ ਮੁਹਤਬਰ ਤੇ ਕਿਸਾਨ। ਅਜੀਤ ਤਸਵੀਰ

ਪਿੰਡ ਤੇਜਾ ਖੁਰਦ ਤੋਂ ਲਿੰਕ ਸੜਕ ਮੁਰੀਦਕੇ, ਛਿਛਰੇਵਾਲ ਦੇ ਨਵੀਨੀਕਰਨ ਦਾ ਉਦਘਾਟਨ ਕਰਦੇ ਹੋਏ ਬਲਬੀਰ ਸਿੰਘ ਪਨੂੰ ਹੋਰਨਾਂ ਸਮੇਤ। ਤਸਵੀਰ : ਅਵਤਾਰ ਸਿੰਘ ਰੰਧਾਵਾ

ਹਲਕਾ ਇੰਚਾਰਜ ਪਨੂੰ ਨੇ ਲਿੰਕ ਸੜਕ ਦਾ ਕੀਤਾ ਉਦਘਾਟਨ

ਫ਼ਤਹਿਗੜ੍ਹ ਚੂੜੀਆਂ, 19 ਅਕਤੂਬਰ (ਅਵਤਾਰ ਸਿੰਘ ਰੰਧਾਵਾ)-ਵਿਧਾਨ ਸਭਾ ਹਲਕਾ ਫ਼ਤਹਿਗੜ੍ਹ ਚੂੜੀਆਂ ਦੇ ਇੰਚਾਰਜ ਬਲਬੀਰ ਸਿੰਘ ਪਨੂੰ ਨੇ ਲਿੰਕ ਸੜਕ ਮੁਰੀਦਕੇ, ਛਿਛਰੇਵਾਲ, ਤੇਜਾ ਖੁਰਦ ਸਮੇਤ ਵੱਖ-ਵੱਖ ਪਿੰਡਾਂ ਨੂੰ ਜੋੜਨ ਵਾਲੀ ਲਿੰਕ ਸੜਕ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਸੜਕਾਂ ਦੇ ਨਾਲ ਲਗਦੇ ਕਿਸਾਨਾਂ ਦੇ ਅੱਗੇ ਮੰਗ ਰੱਖੀ ਕਿ ਹਲਕੇ ਦੀਆਂ ਸੜਕਾਂ ਦਾ ਸੁਧਾਰ ਕਰਨ ਲਈ ਖੇਤਾਂ ਨਾਲ ਲਗਦੀਆਂ ਸੜਕਾਂ ਦੀ ਜਗ੍ਹਾ ਨੂੰ ਮਿਣਤੀ ਅਨੁਸਾਰ ਛੱਡ ਕੇ ਫ਼ਸਲਾਂ ਬੀਜੀਆਂ ਜਾਣ ਤਾਂ ਕਿ ਆਉਣ ਵਾਲੇ ਸਮੇਂ 'ਚ ਸੜਕਾਂ ਦੀਆਂ ਬਰਮਾਂ ਦੀ ਮਜ਼ਬੂਤੀ ਹੋ ਸਕੇ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੇ ਪਿਛਲੇ ਸਮੇਂ ਦੌਰਾਨ ਸੜਕਾਂ ਦੀਆਂ ਬਰਮਾਂ ਨੂੰ ਆਪਣੇ ਖੇਤਾਂ ਵਿਚ ਮਿਲਾ ਲਿਆ ਹੈ, ਉਨ੍ਹਾਂ ਅੱਗੇ ਅਪੀਲ ਹੈ ਕਿ ਉਹ ਆਵਾਜਾਈ ਨੂੰ ਮੁੱਖ ਰੱਖਦੇ ਹੋਏ ਸੜਕਾਂ ਦੀਆਂ ਬਰਮਾਂ ਨਾਲ ਮਿੱਟੀ ਲਗਾਉਣ ਦਾ ਯਤਨ ਕਰਨ ਵਿਚ ਪੂਰਾ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਜਿਵੇਂ ਪਿੰਡ ਤੇਜਾ ਕਲਾਂ ਦੇ ਸਾਹਮਣੇ ਤੋਂ ਪਿੰਡ ਖੋਦੇ ਬਾਂਗਰ ਤੇ ਪੰਨਵਾਂ ਨੂੰ ਜਾਣ ਵਾਲੀ ਸੜਕਾਂ ਸਮੇਤ ਪਿੰਡ ਤੇਜਾ ਖੁਰਦ ਤੋਂ ਮਲਕਵਾਲ ਨੂੰ ਜਾਣ ਵਾਲੀ ਸੜਕ ਵੀ ਲੋੜ ਤੋਂ ਜ਼ਿਆਦਾ ਥੌੜੀ ਹੋ ਚੁੱਕੀ ਹੈ, ਜਿਸ ਕਰਕੇ ਪਿਛਲੇ ਸਮੇਂ ਦੌਰਾਨ ਸੜਕਾਂ ਤੋਂ ਪਲਟੇ ਵਾਹਨਾਂ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਇਮਾਨਦਾਰੀ ਵਰਤਦੇ ਹੋਏ ਪੰਜਾਬ ਸਰਕਾਰ ਦਾ ਸਾਥ ਦੇਣ ਲਈ ਚੰਗੇ ਕਦਮ ਚੁੱਕਣ ਦੀ ਲੋੜ ਹੈ। ਇਸ ਮੌਕੇ ਮੰਡੀ ਬੋਰਡ ਦੇ ਅਧਿਕਾਰੀ ਗੁਰਵਿੰਦਰ ਸਿੰਘ ਰੰਧਾਵਾ ਵੀਲਾ ਤੇਜਾ, ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਕੋਟਲਾ ਬਾਮਾ, ਹਲਕਾ ਯੂਥ ਪ੍ਰਧਾਨ ਗੁਰਬਿੰਦਰ ਸਿੰਘ ਕਾਦੀਆਂ ਰਾਜਪੂਤਾਂ, ਰਘਬੀਰ ਸਿੰਘ ਅਠਵਾਲ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਫ਼ੌਜੀ, ਹਰਦੀਪ ਸਿੰਘ ਦਮੋਦਰ, ਮਲਜਿੰਦਰ ਸਿੰਘ, ਹਰਪ੍ਰੀਤ ਸਿੰਘ ਕੋਟ ਖਜ਼ਾਨਾ, ਰਾਜ ਦਵਿੰਦਰ ਸਿੰਘ ਮੰਜਿਆਂਵਾਲੀ, ਕਰਨ ਬਾਠ, ਗੁਰਪ੍ਰੀਤ ਸਿੰਘ ਖੋਦੇ ਬਾਂਗਰ, ਜੱਗਾ ਰੰਧਾਵਾ ਵੀਲਾ ਤੇਜਾ, ਸਰਪੰਚ ਜਗਰੂਪ ਸਿੰਘ ਨੰਬਰਦਾਰ ਵੀਲਾ ਤੇਜਾ, ਜਸਬੀਰ ਸਿੰਘ ਭਾਲੋਵਾਲੀ, ਬਲਵਿੰਦਰ ਸਿੰਘ ਮਲਕਵਾਲ, ਸੁਖਦੇਵ ਸਿੰਘ ਝੰਜੀਆਂ, ਅਮਨਦੀਪ ਸਿੰਘ ਝੰਜੀਆਂ ਕਲਾਂ ਆਦਿ ਹਾਜ਼ਰ ਸਨ।

ਭੋਗ 'ਤੇ ਵਿਸ਼ੇਸ਼- ਬਲਕਾਰ ਸਿੰਘ ਕੋਟ ਬੁੱਢਾ

ਡੇਹਰੀਵਾਲ ਦਰੋਗਾ-ਬੀਤੇ ਦਿਨੀਂ ਗੁਰੂ ਚਰਨਾਂ 'ਚ ਜਾ ਬਿਰਾਜੇ ਪਿੰਡ ਕੋਟ ਬੁੱਢਾ ਦੇ ਸਾਬਕਾ ਸਰਪੰਚ ਬਲਕਾਰ ਸਿੰਘ ਦਾ ਜਨਮ ਮਾਤਾ ਅਮਰ ਕੌਰ ਦੀ ਕੁੱਖੋਂ ਪਿਤਾ ਸੋਹਣ ਸਿੰਘ ਦੇ ਘਰ ਸੰਨ 1950 'ਚ ਪਿੰਡ ਕੋਟ ਬੁੱਢਾ ਦੇ ਜਿਮੀਂਦਾਰ ਪਰਿਵਾਰ 'ਚ ਹੋਇਆ। ਉਨ੍ਹਾਂ ਨੇ ਮੁੱਢਲੀ ਸਿੱਖਿਆ ਪਿੰਡ ਡੇਹਰੀਵਾਲ ਦਰੋਗਾ ਦੇ ਸਰਕਾਰੀ ਸਕੂਲ ਤੋਂ ਕੀਤੀ। ਉਪਰੰਤ ਸਿੱਖ ਨੈਸ਼ਨਲ ਕਾਲਜ ਕਾਦੀਆਂ ਤੋਂ ਬੀ.ਏ. ਦੀ ਉਚੇਰੀ ਸਿੱਖਿਆ ਲਈ। ਉਨ੍ਹਾਂ ਦਾ ਵਿਆਹ ਸ੍ਰੀਮਤੀ ਪਿਆਰ ਕੌਰ ਪੁੱਤਰੀ ਮੋਹਨ ਸਿੰਘ ਵਾਸੀ ਨਾਨੋਵਾਲ ਜੀਂਦੜ ਨਾਲ ਹੋਇਆ। ਉਪਰੰਤ ਇਨ੍ਹਾਂ ਦੇ ਘਰ 4 ਪੁੱਤਰਾਂ ਨੇ ਜਨਮ ਲਿਆ। ਬਲਕਾਰ ਸਿੰਘ ਕੋਟ ਬੁੱਢਾ ਲੰਬਾ ਸਮਾਂ ਸ਼੍ਰੋਮਣੀ ਅਕਾਲੀ ਦਲ 'ਚ ਸਵਰਗੀ ਜਥੇਦਾਰ ਉਜਾਗਰ ਸਿੰਘ ਸੇਖਵਾਂ ਅਤੇ ਸਵਰਗੀ ਜਥੇ. ਸੇਵਾ ਸਿੰਘ ਸੇਖਵਾਂ ਨਾਲ ਵਿਚਰਦੇ ਰਹੇ। ਉਹ 1998 ਤੋਂ 2003 ਤੱਕ ਪਿੰਡ ਦੇ ਸਰਪੰਚ ਵੀ ਰਹੇ। ਇਸ ਦੌਰਾਨ ਉਨ੍ਹਾਂ ਦੇ ਪਿੰਡ ਦੇ ਕਈ ਅਹਿਮ ਕਾਰਜ ਕਰਵਾਏ। ਉਨ੍ਹਾਂ ਨੇ ਆਪਣੇ ਪੁੱਤਰਾਂ ਨੂੰ ਚੰਗੀ ਸਿੱਖਿਆ ਦਿਵਾਈ, ਜੋ ਚੰਗੇ ਕਾਰੋਬਾਰਾਂ 'ਚ ਲੱਗੇ ਹੋਏ ਹਨ। ਬਲਕਾਰ ਸਿੰਘ 50 ਸਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੀ ਰਹੇ। ਬਲਕਾਰ ਸਿੰਘ ਨੇ ਆਪਣਾ ਕਰੋਬਾਰ ਕੈਨੇਡਾ ਵਿਚ ਆਲਵੇ ਟਰੱਕ ਐਂਡ ਟਰੇਲਰ ਰਿਪੇਅਰ ਸਥਾਪਿਤ ਕੀਤਾ। ਇਸ ਦੇ ਨਾਲ-ਨਾਲ ਡੇਹਰੀਵਾਲ ਦਰੋਗਾ ਵਿਚ ਐਮ.ਐਚ. ਫਿਲਿੰਗ ਸਟੇਸ਼ਨ ਕੋਟ ਬੁੱਢਾ ਵੀ ਲਗਾਇਆ। ਉਹ ਬਹੁਤ ਹੀ ਮਿੱਠ ਬੋਲੜੇ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ। ਜੀਵਨ ਦੇ ਚਾਲ ਚਲਦਿਆਂ ਉਹ 12 ਅਕਤੂਬਰ ਨੂੰ ਸਾਰਿਆਂ ਨੂੰ ਸਦੀਵੀਂ ਵਿਛੋੜਾ ਦੇ ਗਏ। ਉਨ੍ਹਾਂ ਨਮਿਤ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਿਤੀ 21 ਅਕਤੂਬਰ 2025 ਦਿਨ ਮੰਗਲਵਾਰ ਨੂੰ ਗ੍ਰਹਿ ਪਿੰਡ ਕੋਟ ਬੁੱਢਾ ਵਿਖੇ ਪੈਣ ਉਪਰੰਤ ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਰਕਾਰੀ ਸਕੂਲ ਦੀ ਗਰਾਊਂਡ ਵਿਚ ਹੋਵੇਗਾ।

-ਹਰਦੀਪ ਸਿੰਘ ਸੰਧੂ

ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ 23 ਨੂੰ-ਬਾਬਾ ਸਰਬਜੀਤ ਸਿੰਘ

ਬਟਾਲਾ, 19 ਅਕਤੂਬਰ (ਹਰਦੇਵ ਸਿੰਘ ਸੰਧੂ)-ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 23 ਅਕਤੂਬਰ ਨੂੰ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸਿੰਘ ਸਭਾ ਹਾਊਸਿੰਗ ਬੋਰਡ ਅਰਬਨ ਅਸਟੇਟ ਬਟਾਲਾ ਵਿਖੇ ਹੋਵੇਗਾ। ਇਸ ਬਾਰੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਸਰਬਜੀਤ ਸਿੰਘ ਨੇ ਦੱਸਿਆ ਕਿ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਦੇ ਭੋਗ ਪਾਉਣ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਤੇ ਪ੍ਰਚਾਰਕ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਨਗੇ। ਉਨ੍ਹਾਂ ਕਿਹਾ ਕਿ ਭੋਗ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਨਗੇ।

ਗੁਰੂ ਨਾਨਕ ਕਾਲਜ ਬਟਾਲਾ ਵਿਖੇ ਗੁਰਮਤਿ ਮੁਕਾਬਲੇ

ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵਲੋਂ ਕੌਮ ਦੀ ਪਨੀਰੀ ਨੂੰ ਗੁਰਮਤਿ ਨਾਲ ਜੋੜਨ ਲਈ ਕੀਤੇ ਜਾ ਰਹੇ ਵੱਡੇ ਉਪਰਾਲੇ-ਜੱਸਲ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸ਼ਤਾਬਦੀ ਨੂੰ ਸਮਰਪਿਤ ਗੁਰੂ ਨਾਨਕ ਕਾਲਜ ਬਟਾਲਾ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਗੁਰਨਾਮ ਸਿੰਘ ਜੱਸਲ ਦੇ ਵਿਸ਼ੇਸ਼ ਉਪਰਾਲੇ ਸਦਕਾ ਬੱਚਿਆਂ ਦੇ ਕਵਿਤਾ, ਕਵੀਸ਼ਰੀ, ਦਸਤਾਰ-ਦੁਮਾਲਾ, ਕਵਿਜ਼, ਗੁਰਬਾਣੀ, ਸੰਵਾਦ ਤੇ ਡਰਾਇੰਗ ਆਦਿ ਮੁਕਾਬਲੇ ਕਰਵਾਏ ਗਏ, ਜਿਸ 'ਚ ਕਰੀਬ 20 ਦੇ ਕਰੀਬ ਸਰਕਾਰੀ ਤੇ ਗੈਰ ਸਰਕਾਰੀ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਜਥੇ. ਜੱਸਲ ਨੇ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਤੇ ਯੋਗ ਅਗਵਾਈ ਹੇਠ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਵਲੋਂ ਕੌਮ ਦੀ ਪਨੀਰੀ ਨੂੰ ਗੁਰਮਤਿ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਸ੍ਰੀ ਨਰੇਸ਼ ਮਹਾਜਨ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਹਲਕਾ ਬਟਾਲਾ ਨੇ ਜਥੇ. ਜੱਸਲ ਵਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰਿੰ. ਚਰਨਜੀਤ ਸਿੰਘ ਸੰਧੂ, ਮੈਨੇਜਰ ਮਲਕੀਅਤ ਸਿੰਘ ਬਸਰਾਵਾਂ, ਰਜਿੰਦਰ ਸਿੰਘ ਪਦਮ, ਗਿਆਨੀ ਹਰਬੰਸ ਸਿੰਘ ਹੰਸਪਾਲ, ਬਲਵਿੰਦਰ ਸਿੰਘ ਚੱਠਾ, ਕੁਲਵੰਤ ਸਿੰਘ ਕੋਸਲਰ, ਸਤਿੰਦਰਪਾਲ ਸਿੰਘ ਰੰਗੀਲਪੁਰ, ਕੁਲਵਿੰਦਰ ਸਿੰਘ ਲਾਡੀ ਜੱਸਲ, ਜਤਿੰਦਰਪਾਲ ਸਿੰਘ ਵਿੱਕੀ, ਹਰਵਿੰਦਰ ਸਿੰਘ ਜਫਰਵਾਲ, ਪ੍ਰੋ. ਗੁਰਵਿੰਦਰ ਸਿੰਘ, ਡਾ. ਗੁਰਬੀਰ ਸਿੰਘ, ਪ੍ਰੋ. ਰਾਜਬੀਰ ਕੌਰ, ਦਰਸ਼ਨ ਸਿੰਘ ਪੁਰੀਆਂ, ਭਾਈ ਗੁਰਮੀਤ ਸਿੰਘ ਖਾਲਸਾ, ਭਾਈ ਗੁਰਨਾਮ ਸਿੰਘ ਨਿਗਰਾਨ ਜ਼ਿਲ੍ਹਾ ਗੁਰਦਾਸਪੁਰ, ਪ੍ਰਿੰਸ ਚੱਠਾ ਵਿਰਾਸਤੀ ਮੰਚ ਬਟਾਲਾ, ਭਾਈ ਹਰਪ੍ਰੀਤ ਸਿੰਘ ਢਪੱਈ, ਭਾਈ ਪੰਥਜੀਤ ਸਿੰਘ ਪ੍ਰਚਾਰਕ, ਭਾਈ ਗੁਰਪਿੰਦਰ ਸਿੰਘ ਪ੍ਰਚਾਰਕ, ਭਾਈ ਮੋਹਨ ਸਿੰਘ ਬੁੱਢਾ ਕੋਟ ਕਵੀਸ਼ਰ, ਭਾਈ ਤਰਸੇਮ ਸਿੰਘ ਸੇਖਵਾਂ ਕਵੀਸ਼ਰ, ਭਾਈ ਗੁਰਦੇਵ ਸਿੰਘ ਲੱਧਾ ਮੁੰਡਾ ਕਵੀਸ਼ਰ, ਭਾਈ ਹਰਸੁਖਮਨ ਸਿੰਘ ਪ੍ਰਚਾਰਕ, ਬੀਬੀ ਰਾਜਬੀਰ ਕੌਰ ਪ੍ਰਚਾਰਕ, ਬੀਬੀ ਸਰਬਜੋਤ ਕੌਰ ਪ੍ਰਚਾਰਕ, ਭਾਈ ਗੁਰਮੇਜ ਸਿੰਘ ਪ੍ਰਚਾਰਕ, ਭਾਈ ਭਗਤ ਸਿੰਘ ਕਵੀਸ਼ਰ, ਭਾਈ ਅਜੀਤ ਸਿੰਘ ਕਵੀਸ਼ਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਦਵਿੰਦਰ ਕੌਰ, ਪ੍ਰੋ. ਨੇਹਾ, ਪ੍ਰੋ. ਗੁਰਸ਼ਰਨ ਕੌਰ, ਪ੍ਰੋ. ਗੁਰਮੁਖ ਸਿੰਘ, ਪ੍ਰੋ. ਗੁਰਦੀਪ ਕੌਰ, ਪ੍ਰੋ. ਬਚਿੱਤਰ ਸਿੰਘ, ਪ੍ਰੋ. ਵਿਸ਼ਵਜੀਤ ਸਿੰਘ, ਪ੍ਰੋ. ਸਹਿਬਜਾਦ ਸਿੰਘ, ਸ਼ਾਨ-ਏ-ਦਸਤਾਰ ਟੀਮ ਦੇ ਕੋਚ ਬਲਜੀਤ ਸਿੰਘ, ਕੋਚ ਕੁਲਜੀਤ ਸਿੰਘ, ਭਾਈ ਅਕਾਸ਼ਦੀਪ ਸਿੰਘ ਆਦਿ ਹਾਜ਼ਰ ਸਨ।

ਗੁਰਮਤਿ ਮੁਕਾਬਲੇ 'ਚ ਜੇਤੂ ਬੱਚਿਆਂ ਨੂੰ